## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 5/15-2011 ਦਅ (6) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :-10.10.15

ਸ਼੍ਰੀਮਤੀ ਕੁਲਦੀਪ ਕੌਰ, ਲਾਇਬ੍ਰੇਰੀ ਅਟੈਂਡੇਂਟ, ਸਸਸਸ ਨਡਾਲਾ, ਜ਼ਿਲ੍ਹਾ ਕਪੂਰਥਲਾ ਜੋ ਕਿ ਮਿਤੀ 08.08.2010 ਤੋਂ ਮਿਤੀ 28.04.14 ਤੱਕ ਅਤੇ ਮਿਤੀ 06.06.14 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲੀ ਆ ਰਹੀ ਹੈ, ਨੂੰ ਵਿਭਾਗ ਦੇ ਹੁਕਮ ਨੰ: 5/15-2011 ਦਅ(3)/602-03 ਮਿਤੀ 31-01-11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਹੁਕਮ ਨੰ: 5/15-2011 ਦਅ(6)/1828-30 ਮਿਤੀ 28-04-14 ਰਾਹੀਂ ਸ਼੍ਰੀ ਰਾਮਪਾਲ, ਡਿਪਟੀ ਮੰਡਲ ਸਿੱਖਿਆ ਅਫਸਰ (ਸੈਸਿ) ਜਲੰਧਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਵਿਰੁੱਧ ਮਿਤੀ 08.08.2010 ਤੋਂ ਮਿਤੀ 28.04.14 ਤੱਕ ਅਤੇ ਮਿਤੀ 06.06.14 ਤੋਂ ਹੁਣ ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ। ਇਸ ਸਬੰਧ ਵਿੱਚ ਕਰਮਚਾਰਨ ਨੂੰ ਵਿਭਾਗ ਵੱਲੋਂ ਮਿਤੀ 20.01.2015 ਨੂੰ ਨਿਜੀ ਸੁਣਵਾਈ ਦਾ ਮੌਕਾ ਵੀ ਦਿੱਤਾ ਗਿਆ ਪਰੰਤੂ ਕਰਮਚਾਰਨ ਨਿਜੀ ਸੁਣਵਾਈ ਵਿੱਚ ਹਾਜ਼ਰ ਨਹੀਂ ਹੋਈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਕੁਲਦੀਪ ਕੌਰ, ਲਾਇਬ੍ਰੇਰੀ ਅਟੈਂਡੇਂਟ, ਸਸਸਸ ਨਡਾਲਾ, ਜ਼ਿਲ੍ਹਾ ਕਪੂਰਥਲਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 31.03.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਨੂੰ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 8 ਤਹਿਤ ਸਰਕਾਰੀ ਸੇਵਾ ਤੋਂ ਹਟਾ ਦਿੱਤਾ ਜਾਵੇਗਾ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਣ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਣ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸ਼੍ਰੀਮਤੀ ਕੁਲਦੀਪ ਕੌਰ, ਲਾਇਬ੍ਰੇਰੀ ਅਟੈਂਡੇਂਟ, ਸਸਸਸ ਨਡਾਲਾ, ਜ਼ਿਲ੍ਹਾ ਕਪੂਰਥਲਾ ਦੇ ਮਿਤੀ 08.08.2010 ਤੋਂ ਮਿਤੀ 28.04.14 ਤੱਕ ਅਤੇ ਮਿਤੀ 06.06.14 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 20363-66 ਮਿਤੀ, ਐਸ.ਏ.ਐਸ.ਨਗਰ :- 19/11/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਕਪੂਰਥਲਾ ਕਰਮਚਾਰਣ ਦੀ ਸੇਵਾ ਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਸਸਸਸ ਨਡਾਲਾ, ਜ਼ਿਲ੍ਹਾ ਕਪੂਰਥਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਹੀ ਭੇਜੇ ਜਾਣ, ਕਰਮਚਾਿਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀਮਤੀ ਕੁਲਦੀਪ ਕੌਰ, ਲਾਇਬ੍ਰੇਰੀ ਅਟੈਂਡੇਂਟ, ਸਸਸਸ ਨਡਾਲਾ, ਜ਼ਿਲ੍ਹਾ ਕਪੂਰਥਲਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ